# ਪੰਜਾਬ ਵਿਧਾਨ ਸਭਾ

-----------

## 16ਵੀਂ ਪੰਜਾਬ ਵਿਧਾਨ ਸਭਾ

## ਤੇਰ੍ਹਵਾਂ ਸਮਾਗਮ

-----------

## ਕਾਰਜ ਸੂਚੀ

07 ਅਗਸਤ 2026

10:00 ਵਜੇ ਸਵੇਰੇ

-----------

**1. <u>ਪ੍ਰਸ਼ਨ</u>**

(1) ਵੱਖ ਸੂਚੀ ਵਿੱਚ ਦਰਜ ਪ੍ਰਸ਼ਨ ਪੁੱਛੇ ਜਾਣਗੇ ਅਤੇ ਜਵਾਬ ਦਿੱਤੇ ਜਾਣਗੇ।

**2. <u>ਧਿਆਨ ਦਿਵਾਊ ਨੋਟਿਸ</u>**

(1) **ਸ਼੍ਰੀਮਤੀ ਅਨਮੋਲ ਗਗਨ ਮਾਨ, ਐਮ.ਐਲ.ਏ.**:- ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਦਾ ਧਿਆਨ ਖਰੜ ਵਿਧਾਨ ਸਭਾ ਹਲਕੇ ਵਿੱਚ ਪੈਂਦੇ ਕਮਿਊਨਿਟੀ ਹੈਲਥ ਸੈਂਟਰ (CHC), ਕੁਰਾਲੀ ਨੂੰ ਅਪਗ੍ਰੇਡ ਕਰਨ ਦੀ ਤੁਰੰਤ ਲੋੜ ਵੱਲ ਦਿਵਾਉਣਗੇ ।

(ਨੰ. 30)

(2) **ਸ਼੍ਰੀ ਰਜਨੀਸ਼ ਕੁਮਾਰ ਦਹੀਆ, ਐਮ.ਐਲ.ਏ.**:- ਸਕੂਲ ਸਿੱਖਿਆ ਮੰਤਰੀ ਦਾ ਧਿਆਨ ਫਿਰੋਜ਼ਪੁਰ ਦਿਹਾਤੀ ਵਿਧਾਨ ਸਭਾ ਹਲਕੇ ਦੇ ਮਹਿਲ ਸਿੰਘ ਵਾਲਾ ਅਤੇ ਨੌਰੰਗ ਕੇ ਸਿਆਲ ਪਿੰਡਾਂ ਦੇ ਸਰਕਾਰੀ ਪ੍ਰਾਇਮਰੀ ਸਕੂਲ ਦੀਆਂ ਖਸਤਾ ਹਾਲਤ ਇਮਾਰਤਾਂ ਵੱਲ ਦਿਵਾਉਣਗੇ ।

(ਨੰ. 32)

(3) **ਸਰਦਾਰ ਕੁਲਵੰਤ ਸਿੰਘ ਸਿੱਧੂ, ਐਮ.ਐਲ.ਏ.**:- ਸਥਾਨਕ ਸਰਕਾਰ ਮੰਤਰੀ ਦਾ ਧਿਆਨ ਆਤਮ ਨਗਰ, ਲੁਧਿਆਣਾ ਵਿਧਾਨ ਸਭਾ ਹਲਕੇ ਦੀਆਂ ਸੜਕਾਂ ਦੀ ਮੁੜ ਮੁਰੰਮਤ (re-carpeting) ਵੱਲ ਦਿਵਾਉਣਗੇ।

(ਨੰ. 36)

**3. <u>ਮੇਜ਼ ਤੇ ਰੱਖੇ ਜਾਣ ਵਾਲੇ ਕਾਗਜ਼-ਪੱਤਰ</u>**

(1) **ਇੱਕ ਮੰਤਰੀ** ਦ ਪੰਜਾਬ ਰੈਗੂਲੇਸ਼ਨ ਆਫ਼ ਫੀਸ ਆਫ਼ ਅਨ-ਏਡਿਡ ਐਜੂਕੇਸ਼ਨਲ ਇੰਸਟੀਚਿਊਸ਼ਨਜ਼ (ਸੋਧ) ਆਰਡੀਨੈਂਸ, 2026 (2026 ਦਾ ਪੰਜਾਬ ਆਰਡੀਨੈਂਸ ਨੰ. 2) ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਭਾਰਤ ਦੇ ਸੰਵਿਧਾਨ ਦੇ ਅਨੁਛੇਦ 213(2) (ੳ) ਅਧੀਨ

ਲੋੜੀਦਾ ਹੈ ।

(2) **ਇੱਕ ਮੰਤਰੀ ਸਾਲ 2020-21 ਲਈ** ਪੰਜਾਬ ਖਾਦੀ ਅਤੇ ਗ੍ਰਾਮ ਉਦਯੋਗ ਬੋਰਡ ਦੀ 38ਵੀਂ ਸਾਲਾਨਾ ਲੇਖਾ ਰਿਪੋਰਟ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਕੰਪਨੀ ਐਕਟ, 1956 ਦੀ ਧਾਰਾ 619-ੳ (3) (ਅ) ਅਧੀਨ ਲੋੜੀਂਦਾ ਹੈ ।

(3) **ਇੱਕ ਮੰਤਰੀ ਸਾਲ 2021-22 ਲਈ** ਪੰਜਾਬ ਖਾਦੀ ਅਤੇ ਗ੍ਰਾਮ ਉਦਯੋਗ ਬੋਰਡ ਦੀ 39ਵੀਂ ਸਾਲਾਨਾ ਲੇਖਾ ਰਿਪੋਰਟ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਕੰਪਨੀ ਐਕਟ, 1956 ਦੀ ਧਾਰਾ 619-ੳ (3) (ਅ) ਅਧੀਨ ਲੋੜੀਂਦਾ ਹੈ ।

## 4. <u>ਵਿਧਾਨਕ ਕੰਮ-ਕਾਰ</u>

(1) **ਇੱਕ ਮੰਤਰੀ** ਪ੍ਰਸਤਾਵ ਕਰਨਗੇ ਕਿ ਪੰਜਾਬ ਕਾਮਨ ਇਨਫਰਾਸਟ੍ਰਕਚਰ (ਰੈਗੂਲੇਸ਼ਨ ਐਂਡ ਮੇਨਟੇਨੈਂਸ) ਸੋਧ ਬਿਲ, 2026 ਤੇ ਤੁਰੰਤ ਵਿਚਾਰ ਕੀਤਾ ਜਾਵੇ।

ਇਹ ਪ੍ਰਸਤਾਵ ਵੀ ਕਰਨਗੇ ਕਿ ਬਿਲ ਪਾਸ ਕੀਤਾ ਜਾਵੇ।

(2) **ਇੱਕ ਮੰਤਰੀ** ਦ ਪੰਜਾਬ ਰੈਗੂਲੇਸ਼ਨ ਆਫ਼ ਫੀਸ ਆਫ਼ ਅਨ-ਏਡਿਡ ਐਜੂਕੇਸ਼ਨਲ ਇੰਸਟੀਚਿਊਸ਼ਨਜ਼ (ਸੋਧ) ਬਿੱਲ, 2026 ਪੇਸ਼ ਕਰਨਗੇ ।

(ਆਰਡੀਨੈਂਸ ਦੀ ਥਾਂ ਤੇ)

**ਪੰਜਾਬ ਵਿਧਾਨ ਸਭਾ**
**ਚੰਡੀਗੜ੍ਹ -160001**
**ਮਿਤੀ:06 ਅਗਸਤ 2026 ਵੀਰਵਾਰ**

**ਰਾਮ ਲੋਕ ਖਟਾਣਾ**
**ਸਕੱਤਰ**
**ਪੰਜਾਬ ਵਿਧਾਨ ਸਭਾ**